# ਪੰਜਾਬ ਦੇ ਲੋਕ ਆਪਣੇ ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕ ਹੋਏ, 400 ਤੋਂ ਵੱਧ ਸ਼ਿਕਾਇਤਾਂ ਰੋਜ਼ਾਨਾ ਆਉਣ ਲੱਗੀਆਂ : ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ

## ➢ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਵੱਲੋਂ ਪਟਿਆਲਾ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਸੈਮੀਨਾਰ ’ਤੇ ਖੁੱਲ੍ਹੀ ਸੁਣਵਾਈ

ਪਟਿਆਲਾ, 19 ਅਪ੍ਰੈਲ (ਰੁਪਾਣਾ) : ਪੰਜਾਬ ਰਾਜ ਤੇ ਕੇਂਦਰ ਸਾਸ਼ਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ (ਪੀ.ਐਸ.ਐਚ.ਆਰ.ਸੀ.) ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਹੈ ਕਿ ਪੰਜਾਬ ਦੇ ਲੋਕ ਹੁਣ ਆਪਣੇ ਮਨੁੱਖੀ ਅਧਿਕਾਰਾਂ ਪ੍ਰਤੀ ਵਧੇਰੇ ਜਾਗਰੂਕ ਹੋ ਰਹੇ ਹਨ। ਉਨ੍ਹਾਂ ਅੱਜ ਮਨੁੱਖੀ ਅਧਿਕਾਰ ਸੁਰੱਖਿਆ ਭਲਾਈ ਸੁਸਾਇਟੀ ਵੱਲੋਂ ਸਰਕਾਰੀ ਬਿਕਰਮ ਕਾਲਜ ਪਟਿਆਲਾ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਸੈਮੀਨਾਰ ਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਲਈ ਖੁੱਲ੍ਹੀ ਸੁਣਵਾਈ ਦੇ ਲਗਾਏ ਕੈਂਪ ਮੌਕੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰ ਰਹੇ ਸਨ। ਇਸ ਮੌਕੇ ਜਤਿੰਦਰ ਸਿੰਘ ਸ਼ੰਟੀ ਨੇ ਦੱਸਿਆ ਕਿ ਉਨ੍ਹਾਂ ਨੇ ਪਿਛਲੇ ਚਾਰ ਮਹੀਨਿਆਂ ਦੌਰਾਨ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦਾ ਦੌਰਾ ਕਰਕੇ ਸ਼ਿਕਾਇਤਾਂ ਦੀ ਕਿਸਮ ਬਾਰੇ ਪਤਾ ਲਗਾਇਆ ਹੈ ਅਤੇ ਹਰ ਜ਼ਿਲ੍ਹੇ ਵਿੱਚ ਮਨੁੱਖੀ ਅਧਿਕਾਰ ਕਮਿਸ਼ਨਰ ਦੇ ਕੋਰ ਗਰੁੱਪ ਕਾਇਮ ਕਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦਾ ਮਨੁੱਖੀ ਅਧਿਕਾਰ ਕਮਿਸ਼ਨ ਅਜਿਹੇ ਕੋਰ ਗਰੁੱਪ ਕਾਇਮ ਕਰਨ ਵਾਲਾ ਦੇਸ਼ ਦਾ ਪਹਿਲਾ ਕਮਿਸ਼ਨ ਬਣ ਗਿਆ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਦੀ ਆਪਣੇ ਜਾਗਰੂਕਤਾ ਬਾਰੇ ਇਸ ਗੱਲੋਂ ਪਤਾ ਚੱਲ ਰਿਹਾ ਹੈ ਕਿ ਪਹਿਲਾਂ ਕਮਿਸ਼ਨ ਕੋਲ ਕੇਵਲ 30-35 ਸ਼ਿਕਾਇਤਾਂ ਰੋਜ਼ਾਨਾ ਆ ਰਹੀਆਂ ਸਨ, ਪਰੰਤੂ ਜਦੋਂ ਦਾ ਕਮਿਸ਼ਨ ਨੇ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੋਣ ਉਤੇ ਸ਼ਿਕਾਇਤ ਕਰਨ ਲਈ ਵਟਸਐਪ ਨੰਬਰ 9855475547 ਜਾਰੀ ਕੀਤਾ ਹੈ, ਉਦੋਂ ਤੋਂ ਹੁਣ ਉਨ੍ਹਾਂ ਕੋਲ 300 ਤੋਂ 400 ਸ਼ਿਕਾਇਤਾਂ ਰੋਜ਼ਾਨਾ ਆ ਰਹੀਆਂ ਹਨ। ਕਮਿਸ਼ਨ ਮੈਂਬਰ ਜਤਿੰਦਰ ਸਿੰਘ ਸ਼ੰਟੀ ਨੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਤਰਫ਼ੋਂ ਏ.ਡੀ.ਸੀ (ਜ) ਸਿਮਰਪ੍ਰੀਤ ਕੌਰ ਤੇ ਐਸ.ਪੀ ਸਵਰਨਜੀਤ ਕੌਰ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੇਤ ਪਟਿਆਲਾ ਦੀਆਂ ਸਮਾਜ ਸੇਵੀ ਸੰਸਥਾਵਾਂ (ਐਨ.ਜੀ.ਓਜ) ਨਾਲ ਇੱਕ ਅਹਿਮ ਬੈਠਕ ਕੀਤੀ ਤੇ ਪੀੜਤਾਂ ਦੀਆਂ ਸ਼ਿਕਾਇਤਾਂ ਵੀ ਸੁਣੀਆਂ ਅਤੇ ਵਿਭਾਗੀ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ। ਇਸ ਮੌਕੇ ਉਨ੍ਹਾਂ ਨੇ ਐਲਾਨ ਕੀਤਾ ਕਿ ਕਮਿਸ਼ਨ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਵੱਡੀ ਮੁਹਿੰਮ ਵਿੱਢੇਗਾ ਅਤੇ ਜਲਦੀ ਹੀ ਇੱਕ ਵਟਸਐਪ ਨੰਬਰ ਵੀ ਜਾਰੀ ਕੀਤਾ ਜਾਵੇਗਾ, ਜਿਸ ਉਪਰ ਨਸ਼ਿਆਂ ਦੇ ਤਸਕਰਾਂ ਤੇ ਨਸ਼ਿਆਂ ਬਾਰੇ ਜਾਣਕਾਰੀ ਦਿੱਤੀ ਜਾ ਸਕੇਗੀ ਤੇ ਕਮਿਸ਼ਨ ਦੇ ਕੋਰ ਗਰੁੱਪਾਂ ਦੇ ਮੈਂਬਰ ਵੀ ਆਪਣੀ ਭੂਮਿਕਾ ਨਿਭਾਉਣਗੇ। ਮੀਡੀਆ ਨਾਲ ਗੱਲਬਾਤ ਕਰਦਿਆਂ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਦੱਸਿਆ ਕਿ ਪੰਜਾਬ ਰਾਜ ਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਜਾਰੀ ਸਲਾਹਕਾਰੀਆਂ ਦੇ ਤਹਿਤ ਸਰਕਾਰੀ ਅਤੇ ਨਿੱਜੀ ਹਸਪਤਾਲ ਕਿਸੇ ਮਰੀਜ਼ ਜਾਂ ਮ੍ਰਿਤਕ ਸਰੀਰ ਨੂੰ ਬਿੱਲ ਦੇ ਭੁਗਤਾਨ ਨਾ ਹੋਣ ਉਤੇ ਰੋਕ ਨਹੀਂ ਸਕੇਗਾ। ਇਸ ਤੋਂ ਬਿਨ੍ਹਾਂ ਹਰ ਹਸਪਤਾਲ ਵਿਖੇ ਲਾਜ਼ਮੀ ਤੌਰ ਉਤੇ ਢੁਕਵੀਂ ਮੁਰਦਾਘਰ ਸਹੂਲਤ ਤੇ ਐਂਬੂਲੈਂਸ ਵੈਨ ਸੇਵਾਵਾਂ ਪ੍ਰਦਾਨ ਕਰਨੀਆਂ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਲਾਵਾਰਿਸ ਜਾਂ ਆਰਥਿਕ ਤੌਰ ’ਤੇ ਕਮਜ਼ੋਰ ਲੋਕਾਂ ਦੇ ਸਸਕਾਰ/ਦਫ਼ਨਾਉਣ ਲਈ ਸਹਾਇਤਾ ਦੇ ਯਕੀਨੀ ਬਣਾਉਣ ਲਈ ਵੀ ਆਦੇਸ਼ ਦਿੱਤਾ ਗਿਆ ਹੈ। ਸ਼ੰਟੀ ਨੇ ਕਿਹਾ ਕਿ ਪਿੰਡਾਂ ਵਿੱਚ ਲਾਸ਼ਾਂ ਰੱਖਣ ਲਈ ਮੌਰਚਰੀ ਬਾਕਸ ਉਪਲੱਬਧ ਕਰਵਾਉਣ ਸਮੇਤ ਸਫਾਈ ਯੋਧਿਆਂ ਨੂੰ ਸੁਰੱਖਿਆ, ਜੁੱਤੇ, ਦਸਤਾਨੇ, ਸੈਨੇਟਾਈਜ਼ਰ ਦੇਣ ਸਮੇਤ ਬੀਮਾ ਸੁਰੱਖਿਆ ਸਹੂਲਤਾਂ ਦੇਣ ਲਈ ਵੀ ਹਦਾਇਤ ਜਾਰੀ ਕੀਤੀ ਗਈ ਹੈ। ਇਸ ਤੋਂ ਬਿਨ੍ਹਾਂ 112 ’ਤੇ ਫੋਨ ਕਰਕੇ ਜ਼ਿੰਦਗੀ ਮੌਤ ਦੀ ਲੜਾਈ ਦੀ ਲੜ ਰਹੇ ਮਰੀਜ਼ਾਂ ਦੀਆਂ ਐਂਬੂਲੈਂਸਾਂ ਨੂੰ ਹਸਪਤਾਲਾਂ ਤੱਕਣ ਲਈ ਪੁਲਿਸ ਪਾਇਲਟ ਮੁਹੱਈਆ ਕਰਵਾਉਣ ਦੇ ਵੀ ਨਿਰਦੇਸ਼ ਦਿੱਤੇ ਗਏ ਹਨ। ਇਸ ਮੌਕੇ ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਮਨਰੀਤ ਰਾਣਾ, ਆਰ.ਟੀ.ਓ ਪੂਨਮਪ੍ਰੀਤ ਕੌਰ, ਐਸ.ਡੀ.ਐਮ ਗੁਰਦੇਵ ਸਿੰਘ, ਮਨੁੱਖੀ ਅਧਿਕਾਰ ਕਮਿਸ਼ਨ ਮੈਂਬਰ ਦੇ ਸਕੱਤਰ ਬਲਦੇਵ ਸਿੰਘ ਤੇ ਅਮਨਦੀਪ ਸਿੰਘ ਸਮੇਤ ਵੱਡੀ ਗਿਣਤੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕੋਰ ਗਰੁੱਪ ਦੇ ਮੈਂਬਰ ਤੇ ਹਿਊਮਨ ਰਾਈਟਸ ਪ੍ਰੋਟੈਕਸ਼ਨ ਵੈਲਫੇਅਰ ਸੁਸਾਇਟੀ ਪਟਿਆਲਾ ਦੇ ਮੈਂਬਰ ਮੌਜੂਦ ਸਨ। ਇਸ ਤੋਂ ਪਹਿਲਾਂ ਹਿਊਮਨ ਰਾਈਟਸ ਪ੍ਰੋਟੈਕਸ਼ਨ ਵੈਲਫੇਅਰ ਸੁਸਾਇਟੀ ਦੇ ਚੀਫ਼ ਪੈਟਰਨ ਏਅਰ ਮਾਰਸ਼ਲ (ਰਿਟਾ) ਕੁਲਵੰਤ ਸਿੰਘ ਗਿੱਲ ਨੇ ਸਵਾਗਤ ਕੀਤਾ ਅਤੇ ਪਾਣੀ ਦੀ ਸੰਭਾਲ ਤੇ ਜਲ ਪ੍ਰਦੂਸ਼ਣ ਰੋਕਣ ਸਮੇਤ ਸਿੰਗਲ ਯੂਜ਼ ਪਲਸਟਿਕ ਉਪਰ ਪਾਬੰਦੀ ਲਗਾਉਣ ਬਾਰੇ ਮੰਗ ਉਠਾਈ। ਉਨ੍ਹਾਂ ਦੇ ਨਾਲ ਸਾਬਕਾ ਏਆਈਜੀ ਹਰਦੇਵਿੰਦਰ ਸਿੰਘ, ਡਾ. ਐਮ.ਐਸ ਮੰਨਾ, ਸਾਬਕਾ ਐਸਪੀ ਮਨਜੀਤ ਸਿੰਘ ਬਰਾੜ, ਗਰੁਪ ਕੈਪਟਨ ਰਣਜੀਤ ਸਿੰਘ, ਕੋਆਰਡੀਨੇਟਰ ਦਰਸ਼ਨ ਸਿੰਘ ਸਾਬਕਾ ਡੀਐਸਪੀ, ਐਡਵੋਕੇਟ ਯਸ਼ਪਾਲ, ਐਡਵੋਕੇਟ ਅਮਨਪ੍ਰੀਤ ਸਿੰਘ ਭਾਟੀਆ, ਪ੍ਰੋ.ਜਸਵੰਤ ਸਿੰਘ ਸਰਾਓ, ਮਹਿਲਾ ਵਿੰਗ ਦੀ ਚੇਅਰਪਰਸਨ ਸ਼ਮਿੰਦਰ ਕੌਰ ਸੰਧੂ, ਵੈਟਰਨ ਹਾਕਮ ਸਿੰਘ ਤੇ ਰਜਿੰਦਰ ਕੁਮਾਰ ਗੋਇਲ ਮੰਜੂ ਸ਼ਰਮਾ, ਮਸਤੀ ਕੀ ਪਾਠਸ਼ਾਲਾ ਤੋਂ ਰਾਜਪਾਲ ਕੌਰ ਵੀ ਮੌਜੂਦ ਸਨ।ਸੁਸਾਇਟੀ ਨੇ ਮੈਂਬਰ ਸ਼ੰਟੀ ਦਾ ਸਨਮਾਨ ਵੀ ਕੀਤਾ।



# ਨਿਰਮਲ ਸਿੰਘ ਰਿਆਤ ਦਿ ਟ੍ਰਿਬਿਊਨ ਪੰਜਾਬ ਅਚੀਵਰਜ਼ ਐਵਾਰਡ 2026 ਨਾਲ ਸਨਮਾਨਿਤ



ਰੂਪਨਗਰ, 19 ਅਪ੍ਰੈਲ ( ਅਮਿਤ ਅਰੋੜਾ ) : ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ, ਪੰਜਾਬ ਦੇ ਚਾਂਸਲਰ ਨਿਰਮਲ ਸਿੰਘ ਰਿਆਤ ਨੂੰ ਪੰਜਾਬ ਦੇ ਨਾਲ-ਨਾਲ ਪੂਰੇ ਦੇਸ਼ ਵਿੱਚ ਤਕਨੀਕੀ ਅਤੇ ਹੁਨਰ-ਅਧਾਰਤ ਸਿੱਖਿਆ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਵੱਕਾਰੀ ਦਿ ਟ੍ਰਿਬਿਊਨ ਪੰਜਾਬ ਅਚੀਵਰਜ਼ ਅਵਾਰਡ 2026 ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਪੁਰਸਕਾਰ ਸਮਾਰੋਹ ਦਿ ਟ੍ਰਿਬਿਊਨ ਟਰੱਸਟ ਦੁਆਰਾ ਬਠਿੰਡਾ ਵਿਖੇ ਆਯੋਜਿਤ ਕੀਤਾ ਗਿਆ ਸੀ, ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਉੱਤਮਤਾ ਦਾ ਜਸ਼ਨ ਮਨਾਇਆ ਗਿਆ ਸੀ। ਇਹ ਪੁਰਸਕਾਰ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਮੌਜੂਦਗੀ ਵਿੱਚ ਦਿੱਤਾ ਗਿਆ । ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੇਸ਼ ਦੇ ਨੌਜਵਾਨਾਂ ਨੂੰ ਹੁਨਰ ਅਤੇ ਤਕਨੀਕੀ ਸਿੱਖਿਆ ਪ੍ਰਦਾਨ ਕਰਕੇ ਪੰਜਾਬ ਦੇ ਵਿਕਾਸ ਵਿੱਚ ਯੂਨੀਵਰਸਿਟੀ ਦੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ ਅਤੇ ਇਸ ਮੌਕੇ ’ਤੇ ਵਧਾਈ ਦਿੱਤੀ। ਚਾਂਸਲਰ ਦੀ ਤਰਫੋਂ, ਇਹ ਪੁਰਸਕਾਰ ਵਿਮਲ ਰਾਏ ਮਨਹੋਤਰਾ, ਮੁੱਖ ਕਾਰਜਕਾਰੀ ਅਧਿਕਾਰੀ ਅਤੇ ਨਰਿੰਦਰ ਭੂੰਬਲਾ, ਸਹਾਇਕ ਪ੍ਰੋਫੈਸਰ ਕਮ ਪੀਆਰਓ, ਲੈਮਰਿਨ ਟੈਕ ਸਕਿੱਲਜ਼ ਯੂਨੀਵਰਸਿਟੀ ਨੇ ਪ੍ਰਾਪਤ ਕੀਤਾ।

ਨਿਰਮਲ ਸਿੰਘ ਰਿਆਤ ਨੂੰ ਉਨ੍ਹਾਂ ਦੀ ਦੂਰਦਰਸ਼ੀ ਅਗਵਾਈ ਅਤੇ ਤਕਨੀਕੀ ਅਤੇ ਹੁਨਰ-ਅਧਾਰਤ ਸਿੱਖਿਆ ਨੂੰ ਅੱਗੇ ਵਧਾਉਣ ਪ੍ਰਤੀ ਵਚਨਬੱਧਤਾ ਲਈ ਵਿਆਪਕ ਤੌਰ ’ਤੇ ਮਾਨਤਾ ਪ੍ਰਾਪਤ ਹੈ। ਉਨ੍ਹਾਂ ਦੀ ਅਗਵਾਈ ਹੇਠ, ਯੂਨੀਵਰਸਿਟੀ ਉਦਯੋਗ-ਅਧਾਰਤ ਸਿੱਖਿਆ ਅਤੇ ਨੌਜਵਾਨਾਂ ਵਿੱਚ ਰੁਜ਼ਗਾਰਯੋਗਤਾ ਵਧਾਉਣ ਤੇ ਕੇਂਦ੍ਰਿਤ ਇੱਕ ਮੋਹਰੀ ਸੰਸਥਾ ਵਜੋਂ ਉਭਰੀ ਹੈ। ਇਹ ਮਾਨਤਾ ਭਵਿੱਖ ਦੇ ਕਾਰਜਬਲ ਨੂੰ ਆਕਾਰ ਦੇਣ ਅਤੇ ਖੇਤਰੀ ਆਰਥਿਕ ਵਿਕਾਸ ਵਿੱਚ ਯੋਗਦਾਨ ਪਾਉਣ ਵਿੱਚ ਹੁਨਰ-ਅਧਾਰਤ ਸਿੱਖਿਆ ਦੇ ਵਧ ਰਹੇ ਮਹੱਤਵ ਨੂੰ ਉਜਾਗਰ ਕਰਦੀ ਹੈ।ਇਸ ਐਵਾਰਡ ਦੀ ਪ੍ਰਾਪਤੀ ਨਾਲ ਪੂਰੇ ਲੈਮਰਿਨ ਟੈਕ ਸਕਿਲਜ਼ ਯੂਨੀਵਰਸਿਟੀ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ।

# ਜ਼ਿਲ੍ਹਾ ਤੈਰਾਕੀ ਐਸੋਸੀਏਸ਼ਨ ਦੀ ਨਵੀਂ ਬਣੀ ਟੀਮ ਵਿੱਚ ਡਾ.ਆਰ. ਐਸ. ਪਰਮਾਰ ਪ੍ਰਧਾਨ ਤੇ ਸੁਰਜੀਤ ਸਿੰਘ ਸੰਧੂ ਜਨਰਲ ਸਕੱਤਰ ਚੁਣੇ ਗਏ



ਰੂਪਨਗਰ, 19 ਅਪ੍ਰੈਲ ( ਅਮਿਤ ਅਰੋੜਾ ) : ਰੂਪਨਗਰ ਜ਼ਿਲ੍ਹਾ ਤੈਰਾਕੀ ਐਸੋਸੀਏਸ਼ਨ ਦੀ ਇਕ ਅਹਿਮ ਮੀਟਿੰਗ ਹੋਈ, ਜਿਸ ਵਿਚ ਸਾਰੇ ਮੈਂਬਰਾਂ ਵੱਲੋਂ ਆਪਸੀ ਸਹਿਮਤੀ ਨਾਲ ਨਵੀਂ ਟੀਮ ਦੀ ਚੋਣ ਕੀਤੀ ਗਈ। ਇਸ ਮੌਕੇ ਸਾਰੇ ਮੈਂਬਰਾਂ ਵੱਲੋ ਸਹਿਮਤੀ ਪ੍ਰਗਟ ਕਰਦੇ ਹੋਏ ਪ੍ਰਸਿੱਧ ਰੋਟੇਰੀਅਨ ਅਤੇ ਉੱਘੇ ਸਮਾਜ ਸੇਵੀ ਡਾ. ਆਰ. ਐਸ. ਪਰਮਾਰ ਨੂੰ ਸਾਰੀ ਟੀਮ ਵੱਲੋਂ ਦੁਬਾਰਾ ਤੋਂ ਜ਼ਿਲ੍ਹਾ ਤੈਰਾਕੀ ਐਸੋਸੀਏਸ਼ਨ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਦੇ ਨਾਲ ਹੀ ਜ਼ਿਲ੍ਹਾ ਤੈਰਾਕੀ ਐਸੋਸੀਏਸ਼ਨ ਦੇ ਜਨਰਲ ਸਕੱਤਰ ਵਜੋਂ ਸੁਰਜੀਤ ਸਿੰਘ ਸੰਧੂ, ਰਿਟਾਇਰਡ ਡਿਪਟੀ ਡਾਇਰੈਕਟਰ ਸਪੋਰਟਸ ਪੰਜਾਬ ਨੂੰ ਚੁਣਿਆ ਤੇ ਦਵਿੰਦਰ ਸਿੰਘ ਰਿਟਾਇਰਡ ਸੀਨੀਅਰ ਐਕਸੀਅਨ ਨੂੰ ਖਜ਼ਾਨਚੀ ਨਿਯੁਕਤ ਕੀਤਾ ਗਿਆ। ਬਾਕੀ ਟੀਮ ਦਾ ਗਠਨ ਕਰਨ ਦੇ ਅਧਿਕਾਰ ਪ੍ਰਧਾਨ ਅਤੇ ਜਨਰਲ ਸਕੱਤਰ ਨੂੰ ਦਿੱਤੇ ਗਏ। ਮੀਟਿੰਗ ਦੌਰਾਨ ਐਸੋਸੀਏਸ਼ਨ ਵੱਲੋਂ ਬੀਤੇ ਸਮੇਂ ਦੌਰਾਨ ਤੈਰਾਕੀ ਖੇਡ ਅਤੇ ਤੈਰਾਕੀ ਪੂਲ ਦੇ ਵਿਕਾਸ ਲਈ ਕੀਤੇ ਗਏ ਕੰਮਾਂ ਬਾਰੇ ਜਾਣਕਾਰੀ ਦਿੱਤੀ ਗਈ। ਨਾਲ ਹੀ ਕੋਰੋਨਾ ਕਾਲ ਤੋਂ ਬਾਅਦ ਖੇਡ ਵਿੱਚ ਆਈ ਖੜੋਤ ਨੂੰ ਦੂਰ ਕਰਕੇ ਜ਼ਿਲ੍ਹਾ ਅਤੇ ਰਾਜ ਪੱਧਰੀ ਮੁਕਾਬਲੇ ਕਰਵਾਉਣ ਦਾ ਪ੍ਰੋਗਰਾਮ ਵੀ ਤੈਅ ਕੀਤਾ ਗਿਆ। ਚੋਣ ਮੌਕੇ ਡਾ. ਪਰਮਾਰ ਨੇ ਆਪਣੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਅਹੁਦੇ ਤੋਂ ਸੇਵਾ ਮੁਕਤ ਹੋਣ ਦੀ ਇੱਛਾ ਜਤਾਈ, ਪਰ ਹਾਊਸ ਨੇ ਉਨ੍ਹਾਂ ਦੀਆਂ ਸੇਵਾਵਾਂ ਅਤੇ ਸਮਰਪਣ ਨੂੰ ਦੇਖਦਿਆਂ ਮੁੜ ਪ੍ਰਧਾਨਗੀ ਦੀ ਜ਼ਿੰਮੇਵਾਰੀ ਸੌਂਪ ਦਿੱਤੀ। ਡਾ. ਪਰਮਾਰ ਨੇ ਕਿਹਾ ਕਿ ਰੂਪਨਗਰ ਵਿੱਚ ਤੈਰਾਕੀ ਲਈ ਬਹੁਤ ਹੀ ਵਧੀਆ ਮਾਹੌਲ ਹੈ ਅਤੇ ਇੱਥੇ ਸਰਕਾਰ ਵੱਲੋਂ ਆਧੁਨਿਕ ਤੈਰਾਕੀ ਪੂਲ ਤਿਆਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਬੱਚਿਆਂ ਦੇ ਹੁਨਰ ਨੂੰ ਨਿਖਾਰ ਕੇ ਵੱਡੇ ਮੁਕਾਬਲਿਆਂ ਲਈ ਤਿਆਰ ਕੀਤਾ ਜਾਵੇਗਾ। ਐਸੋਸੀਏਸ਼ਨ ਦੇ ਸਾਬਕਾ ਸੀਨੀਅਰ ਮੀਤ ਪ੍ਰਧਾਨ ਅਨਿਲ ਕੌਸ਼ਲ ਨੇ ਨਵੀਂ ਟੀਮ ਨੂੰ ਮੁਬਾਰਕਬਾਦ ਦਿੱਤੀ ਅਤੇ ਆਪਣੇ ਸੁਝਾਵ ਪੇਸ਼ ਕੀਤੇ। ਨਵੇਂ ਜਨਰਲ ਸਕੱਤਰ ਸੁਰਜੀਤ ਸਿੰਘ ਸੰਧੂ ਨੇ ਕਿਹਾ ਕਿ ਐਸੋਸੀਏਸ਼ਨ ਤੈਰਾਕੀ ਖੇਡ ਨੂੰ ਹੋਰ ਉਚਾਈਆਂ ਤੱਕ ਲਿਜਾਣ ਲਈ ਪੂਰੇ ਯਤਨ ਕਰੇਗੀ। ਉਨ੍ਹਾਂ ਖੇਡ ਵਿਭਾਗ ਦੇ ਵਿਸ਼ੇਸ਼ ਚੀਫ ਸੈਕਟਰੀ ਸਰਬਜੀਤ ਸਿੰਘ ਵੱਲੋਂ ਤੈਰਾਕੀ ਪੂਲ ਰੂਪਨਗਰ ਲਈ ਦਿੱਤੀ ਗਈ ਵਿਸ਼ੇਸ਼ ਤਵੱਜੋ ਦੀ ਭਰਵੀਂ ਸ਼ਲਾਘਾ ਕਰਦਿਆਂ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਜ਼ਿਲ੍ਹਾ ਖੇਡ ਅਫਸਰ ਜਗਜੀਵਨ ਸਿੰਘ ਗਿੱਲ ਨੇ ਨਵੀਂ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਸਰਕਾਰ ਵੱਲੋਂ ਖੇਡਾਂ ਦੇ ਵਿਕਾਸ ਲਈ ਵੱਡੇ ਪੱਧਰ @ਤੇ ਕੰਮ ਕੀਤਾ ਜਾ ਰਿਹਾ ਹੈ ਅਤੇ ਹਲਕਾ ਵਿਧਾਇਕ ਦੀ ਨਿੱਜੀ ਦਿਲਚਸਪੀ ਨਾਲ ਤੈਰਾਕੀ ਪੂਲ @ਤੇ ਵੀ ਲਗਭਗ ਸਵਾ ਕਰੋੜ ਰੁਪਏ ਖਰਚ ਕਰਕੇ ਇਸ ਨੂੰ ਆਧੁਨਿਕ ਰੂਪ ਦਿੱਤਾ ਗਿਆ ਹੈ। ਇਸ ਮੌਕੇ ਸਤਨਾਮ ਸਿੰਘ ਸੱਤੀ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਅਨਿਲ ਕੌਸ਼ਲ, ਐਡਵੋਕੇਟ ਡੀ.ਐਸ. ਦਿਓਲ, ਡਾ. ਭੀਮ ਸੇਨ, ਡਾ. ਜੀ ਐਸ ਗਰੇਵਾਲ, ਐਡਵੋਕੇਟ ਅਸ਼ਵਨੀ ਕੁਮਾਰ ਸ਼ਰਮਾ, ਐਡਵੋਕੇਟ ਇੰਦਰਪਾਲ ਵੋਹਰਾ, ਰਜਨੀਸ਼ ਚੋਪੜਾ, ਹਰਮਿੰਦਰ ਪਾਲ ਸਿੰਘ ਆਹਲੂਵਾਲੀਆ, ਇੰਦਰਪਾਲ ਸਿੰਘ, ਸਾਹਿਲ ਵਰਮਾ, ਮਨਜਿੰਦਰ ਸਿੰਘ ਚੱਕਲ, ਸੰਦੀਪ ਸਿੰਘ ਸੰਧੂ ਆਦਿ ਹਾਜ਼ਰ ਸਨ।

# ਪ੍ਰਭ ਆਸਰਾ, ਕੁਰਾਲੀ ਵਿਖੇ ਦਾਖਲ ਤਿੰਨ ਨਾਗਰਿਕਾਂ ਦੀ ਹਾਲਤ ਗੰਭੀਰ



ਕੁਰਾਲੀ, 19 ਅਪ੍ਰੈਲ (**ਰਜਨੀਕਾਂਤ ਗਰੋਵਰ**) : ਕੁਰਾਲੀ ਸ਼ਹਿਰ ਦੀ ਹੱਦ ਵਿੱਚ ਲਾਵਾਰਿਸ ਨਾਗਰਿਕਾਂ ਦੀ ਸੇਵਾ-ਸੰਭਾਲ ਕਰ ਰਹੀ ਸੰਸਥਾ ਪ੍ਰਭ ਆਸਰਾ ਦੇ ਤਿੰਨ ਨਾਗਰਿਕਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ, ਜੋ ਕਿ ਪ੍ਰਭ ਆਸਰਾ ਦੇ ਚਨਾਲੋਂ (ਕੁਰਾਲੀ) ਵਿਖੇ ਸਥਿਤ ਮਲਟੀਸਪੈਸ਼ਲਟੀ ਚੈਰੀਟੇਬਲ ਹਸਪਤਾਲ ਵਿੱਚ ਮਾਹਿਰ ਡਾਕਟਰਾਂ ਦੀ ਨਿਗਰਾਨੀ ਹੇਠ ਜੇਰੇ ਇਲਾਜ ਹਨ। ਸੰਸਥਾ ਮੁਖੀ ਭਾਈ ਸ਼ਮਸ਼ੇਰ ਸਿੰਘ ਜੀ ਅਤੇ ਬੀਬੀ ਰਾਜਿੰਦਰ ਕੌਰ ਜੀ ਨੇ ਦੱਸਿਆ ਕਿ ਅਰਸ਼ਦੀਪ ਕੌਰ (ਉਮਰ 19 ਸਾਲ) ਨੂੰ ਲਗਭਗ ਦੋ ਮਹੀਨੇ ਪਹਿਲਾਂ ਬਾਲ ਭਲਾਈ ਕੇਂਦਰ ਵੱਲੋਂ ਤਰਸਯੋਗ ਹਾਲਾਤਾਂ ਵਿੱਚ ਪ੍ਰਭ ਆਸਰਾ ਸੰਸਥਾ, ਕੁਰਾਲੀ ਵਿਖੇ ਇਲਾਜ ਅਤੇ ਸੰਭਾਲ ਲਈ ਦਾਖਲ ਕਰਵਾਇਆ ਗਿਆ ਸੀ। ਇਸੇ ਤਰ੍ਹਾਂ ਇੰਦਰਜੀਤ ਕੌਰ (ਉਮਰ 42 ਸਾਲ) ਨੂੰ 19 ਸਾਲ ਪਹਿਲਾਂ ਤਰਸਯੋਗ ਹਾਲਾਤਾਂ ਵਿੱਚ ਪ੍ਰਭ ਆਸਰਾ ਸੰਸਥਾ, ਕੁਰਾਲੀ ਵਿਖੇ ਇਲਾਜ ਅਤੇ ਸੰਭਾਲ ਲਈ ਦਾਖਲ ਕਰਵਾਇਆ ਗਿਆ ਸੀ। ਇਸੇ ਤਰ੍ਹਾਂ ਭਗਤੀ ਉਰਫ ਸੰਪਤਾ ਦੇਵੀ (ਉਮਰ 55 ਸਾਲ) ਜੋ ਕਿ ਲਗਭਗ ਨੌ ਸਾਲ ਪਹਿਲਾਂ ਮਾਨਸਿਕ ਰੋਗ ਤੋਂ ਪੀੜਿਤ ਹੋਣ ਕਰਕੇ ਲਾਵਾਰਿਸ ਹਾਲਤ ਵਿੱਚ ਕੁਰਾਲੀ ਦੀਆਂ ਸੜਕਾਂ ’ਤੇ ਰੁਲ ਰਹੀ ਸੀ, ਜਿਸ ਬਾਰੇ ਸਮਾਜ ਦਰਦੀ ਸੱਜਣਾ ਵੱਲੋਂ ਉਸ ਨੂੰ ਇਲਾਜ ਅਤੇ ਸਾਂਭ-ਸੰਭਾਲ ਲਈ ਪ੍ਰਭ ਆਸਰਾ ਸੰਸਥਾ ਵਿੱਚ ਦਾਖਲ ਕਰਵਾਇਆ ਗਿਆ। ਕੁਝ ਸਮੇਂ ਤੋਂ ਇਹਨਾਂ ਨੂੰ ਸਾਹ ਲੈਣ ਵਿੱਚ ਦਿੱਕਤ ਆ ਰਹੀ ਸੀ, ਜਿਸ ਕਾਰਨ ਇਹਨਾਂ ਨੂੰ ਵੈਂਟੀਲੇਟਰ ’ਤੇ ਰੱਖਿਆ ਗਿਆ ਹੈ। ਸੰਸਥਾ ਵੱਲੋਂ ਬੇਨਤੀ ਕੀਤੀ ਜਾਂਦੀ ਹੈ ਕਿ ਜੇਕਰ ਕੋਈ ਵਿਅਕਤੀ ਇਨ੍ਹਾਂ ਨੂੰ ਜਾਣਦਾ ਜਾਂ ਪਹਿਚਾਣਦਾ ਹੋਵੇ ਅਤੇ ਮਿਲਣਾ ਚਾਹੁੰਦਾ ਹੋਵੇ, ਤਾਂ ਕਿਰਪਾ ਕਰਕੇ ਸੰਸਥਾ ਨਾਲ ਤੁਰੰਤ ਸੰਪਰਕ ਕੀਤਾ ਜਾਵੇ। ਇਹ ਸਾਰੇ ਇਸ ਸਮੇਂ ਪ੍ਰਭ ਆਸਰਾ ਚੈਰੀਟੇਬਲ ਹਸਪਤਾਲ ਵਿੱਚ ਮਾਹਿਰ ਡਾਕਟਰਾਂ ਦੀ ਨਿਗਰਾਨੀ ਹੇਠ ਇਲਾਜ ਅਧੀਨ ਹਨ, ਜਿੱਥੇ ਉਨ੍ਹਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹੇ ਵਿੱਚ ਬੋਰਵੈਲਾਂ ਤੇ ਟਿਊਬਵੈਲਾਂ ਦੀ ਖੁਦਾਈ ਸਬੰਧੀ ਦਿਸ਼ਾ ਨਿਰਦੇਸ਼ ਜਾਰੀ

ਫ਼ਤਹਿਗੜ੍ਹ ਸਾਹਿਬ, 19 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ) : ਮਾਣਯੋਗ ਸੁਪਰੀਮ ਕੋਰਟ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਮੈਜਿਸਟਰੇਟ, ਡਾ. ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤੇ ਹਨ ਕਿ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿੱਚ ਪੈਂਦੇ ਬੋਰਵੈਲਾਂ, ਟਿਊਬਵੈਲਾਂ ਦੀ ਉਸਾਰੀ, ਮੁਰੰਮਤ ਕਰਨ ਸਮੇਂ ਜ਼ਿਲ੍ਹਾ ਮੈਜਿਸਟਰੇਟ, ਸਰਪੰਚ, ਗ੍ਰਾਮ ਪੰਚਾਇਤ, ਨਗਰ ਕੌਂਸਲ ਤੇ ਜਨ ਸਿਹਤ ਵਿਭਾਗ ਨੂੰ 15 ਦਿਨ ਪਹਿਲਾਂ ਸੂਚਿਤ ਕੀਤਾ ਜਾਵੇ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪੇਂਡੂ ਖੇਤਰਾਂ ਲਈ ਡਰਿੱਲਿੰਗ ਏਜੰਸੀਆਂ ਦਾ ਜ਼ਿਲ੍ਹੇ ਦਤੇ ਕਾਰਜਕਾਰੀ ਇੰਜਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪਾਸੋਂ ਅਤੇ ਸ਼ਹਿਰੀ ਖੇਤਰ ਲਈ ਸਬੰਧਤ ਕਾਰਜ ਸਾਧਕ ਅਫਸਰ ਨਗਰ ਕੌਂਸਲ ਦੇ ਦਫ਼ਤਰ ਪਾਸੋਂ ਰਜਿਸਟਰ ਹੋਣਾ ਜ਼ਰੂਰੀ ਹੈ ਅਤੇ ਉਸਾਰੀ ਵਾਲੀ ਥਾਂ ’ਤੇ ਡਰਿੱਲਿੰਗ ਏਜੰਸੀ ਖੁਦਾਏ ਜਾਣ ਵਾਲੇ ਖੂਹ ਦੇ ਮਾਲਕ ਦੇ ਪੂਰੇ ਪਤੇ ਦਾ ਸਾਈਨ ਬੋਰਡ ਲਗਾਇਆ ਜਾਵੇ। ਬੋਰਵੈਲ ਦੇ ਆਲੇ-ਦੁਆਲੇ ਕੰਡਿਆਲੀ ਤਾਰ ਲਗਾਈ ਜਾਵੇ ਅਤੇ ਇਸ ਨੂੰ ਸਟੀਲ ਪਲੇਟ ਦੇ ਢੱਕਣ ਨਾਲ ਨਟ-ਬੋਲਟ ਬੰਦ ਕਰ ਕੇ ਕਵਰ ਕਰ ਕੇ ਰੱਖਿਆ ਜਾਵੇ। ਹੁਕਮਾਂ ਮੁਤਾਬਕ ਖੂਹ/ਬੋਰਵੈਲ ਦੇ ਆਲੇ-ਦੁਆਲੇ ਸੀਮਿੰਟ/ਕੰਕਰੀਟ ਦਾ ਪਲੇਟਫ਼ਾਰਮ, ਜੋ ਜ਼ਮੀਨੀ ਸਤਾ ਤੋਂ 0.50/0.50 x 0.60 ਮੀਟਰ (0.30 ਮੀਟਰ ਜ਼ਮੀਨੀ ਲੈਵਲ ਤੋਂ ਅਤੇ 0.30 ਮੀਟਰ ਜ਼ਮੀਨੀ ਲੈਵਲ ਤੋਂ ਹੇਠਾਂ) ਖੂਹ ਦੇ ਆਲੇ-ਦੁਆਲੇ ਜ਼ਰੂਰੀ ਹੈ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਉਸਾਰੀ ਉਪਰੰਤ ਖ਼ਾਲੀ ਥਾਂ ਨੂੰ ਮਿੱਟੀ ਨਾਲ, ਖ਼ਾਲੀ ਪਏ ਬੋਰਵੈਲ ਖੂਹ ਨੂੰ ਮਿੱਟੀ/ਰੇਤ ਨਾਲ ਉਪਰ ਤੱਕ ਭਰਿਆ ਜਾਵੇ ਅਤੇ ਕੰਮ ਮੁਕੰਮਲ ਹੋਣ ਉਪਰੰਤ ਜ਼ਮੀਨੀ ਲੈਵਲ ਨੂੰ ਪਹਿਲਾਂ ਵਾਂਗ ਕੀਤਾ ਜਾਵੇ।

# ਜ਼ਿਲ੍ਹਾ ਮੈਜਿਸਟਰੇਟ ਨੇ ਸਾਇਬਰ ਕੈਫੇ ਦੇ ਅਣ-ਅਧਿਕਾਰਤ ਵਰਤੋਂ ਨੂੰ ਰੋਕਣ ਸਬੰਧੀ ਦਿਸ਼ਾ ਨਿਰਦੇਸ਼ ਜਾਰੀ ਕੀਤੇ

ਫਤਹਿਗੜ੍ਹ ਸਾਹਿਬ, 19 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ ) : ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ ਨੇ ਭਾਰਤੀ ਨਾਗਰਿਕ ਸੁਰੱਖਿਆ ਸਹਿੰਤਾ 2023 ਦੀ ਧਾਰਾ 163ਅਧੀਨ ਪ੍ਰਾਪਤ ਹੋਏਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਹਦੂਦ ਅੰਦਰ ਸਾਈਬਰ ਕੈਫ਼ੇ ਦੇ ਮਾਲਕਾਂ ਲਈ ਦਿਸ਼ਾ ਨਿਰਦੇਸ਼ ਜਾਰੀ ਕੀਤੇ ਹਨ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਸਾਈਬਰ ਕੈਫ਼ੇ ’ਤੇ ਪ੍ਰਾਪਤ ਸਹੂਲਤਾਂ ਦੀ ਵਰਤੋਂ ਕਰਨ ਵਾਲੇ ਵਿਅਕਤੀ ਦੀ ਪਹਿਚਾਣ ਦੇ ਰਿਕਾਰਡ ਲਈ ਰਜਿਸਟਰ ਲਗਾਇਆ ਜਾਵੇ। ਸਾਈਬਰ ਕੈਫ਼ੇ ’ਤੇ ਆਉਣ ਵਾਲੇ, ਵਰਤੋਂ ਕਰਨ ਵਾਲੇ ਵਿਅਕਤੀ ਦੀ ਸ਼ਨਾਖਤ ਉਸਦੇ ਪਹਿਚਾਣ ਪੱਤਰ, ਵੋਟਰ ਕਾਰਡ,ਰਾਸ਼ਨ ਕਾਰਡ, ਡਰਾਈਵਿੰਗ ਲਾਇਸੰਸ, ਪਾਸਪੋਰਟ, ਕਰੈਡਿਟ ਕਾਰਡ ਆਦਿ ਵੇਖ ਕੇ ਕੀਤੀ ਜਾਵੇ।

# ਜ਼ਿਲ੍ਹੇ ਵਿੱਚ ਜਨਤਕ ਥਾਵਾਂ ’ਤੇ ਅਗਨ ਸ਼ਸ਼ਤਰ, ਅਸਲਾ ਵਿਸਫੋਟਕ, ਜਲਣਸ਼ੀਲ ਚੀਜ਼ਾਂ ਅਤੇ ਤੇਜ਼ਧਾਰ ਹਥਿਆਰ ਚੁੱਕਣ ’ਤੇ ਪਾਬੰਦੀ

ਫ਼ਤਹਿਗੜ੍ਹ ਸਾਹਿਬ, 19 ਅਪ੍ਰੈਲ (ਹਰਪ੍ਰੀਤ ਕੌਰ ਟਿਵਾਣਾ) : ਜ਼ਿਲ੍ਹਾ ਮੈਜਿਸਟਰੇਟ ਡਾ. ਸੋਨਾ ਥਿੰਦ ਨੇ ਜ਼ਿਲ੍ਹੇ ਵਿੱਚ ਅਮਨ ਤੇ ਕਾਨੂੰਨ ਨੂੰ ਕਾਇਮ ਰੱਖਣ ਅਤੇ ਲੋਕ ਹਿਤ ਵਿਚ ਸ਼ਾਂਤੀ ਬਰਕਰਾਰ ਰੱਖਣ ਲਈ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਹਦੂਦ ਅੰਦਰ ਜਨਤਕ ਥਾਵਾਂ ’ਤੇ ਅਗਨ ਸ਼ਸ਼ਤਰ, ਅਸਲਾ, ਵਿਸਫੋਟਕ, ਜਲਣਸ਼ੀਲ ਚੀਜ਼ਾਂ ਆਦਿ ਅਤੇ ਤੇਜ਼ ਹਥਿਆਰ, ਜਿਵੇਂ ਕਿ ਟਕੂਏ, ਬਰਛੇ ਆਦਿ ਨੂੰ ਚੁੱਕਣ ’ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ।


# ਮਹਿਲਾ ਰਾਖਵਾਂਕਰਨ ਬਿਲ ਅਸਲ ਮਕਸਦ ਤੋਂ ਭਟਕਿਆ ਹੋਇਆ : ਰਣਜੀਤ ਸਿੰਘ ਜੀਤੀ ਪੜਿਆਲਾ




**ਕੁਰਾਲੀ, 19 ਅਪ੍ਰੈਲ (ਰਜਨੀਕਾਂਤ ਗਰੋਵਰ )**: ਜ਼ਿਲ੍ਹਾ ਕਾਂਗਰਸ ਕਮੇਟੀ ਮੋਹਾਲੀ ਦੇ ਸਾਬਕਾ ਪ੍ਰਧਾਨ ਰਣਜੀਤ ਸਿੰਘ ਜੀਤੀ ਪੜਿਆਲਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਲੋਕ ਸਭਾ ਵਿੱਚ ਪੇਸ਼ ਕੀਤਾ ਗਿਆ ਮਹਿਲਾ ਰਾਖਵਾਂਕਰਨ ਬਿਲ ਅਸਲ ਮਕਸਦ ਤੋਂ ਭਟਕਿਆ ਹੋਇਆ ਸੀ ਅਤੇ ਇਸ ਦੀ ਆੜ ਵਿੱਚ ਦੇਸ਼ ਦੇ ਨਕਸ਼ੇ ਨੂੰ ਵਿਗਾੜਨ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ। ਉਨ੍ਹਾਂ ਕਿਹਾ ਕਿ ਇਸੇ ਕਾਰਨ ਇਹ ਬਿਲ ਲੋਕ ਸਭਾ ਵਿੱਚ ਪਾਸ ਨਹੀਂ ਹੋ ਸਕਿਆ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਰਣਜੀਤ ਸਿੰਘ ਜੀਤੀ ਪੜਿਆਲਾ ਨੇ ਅੱਜ ਕੁਰਾਲੀ ਵਿਖੇ ਕਾਂਗਰਸੀ ਵਰਕਰਾਂ ਦੀ ਇਕ ਮੀਟਿੰਗ ਦੌਰਾਨ ਕੀਤਾ। ਰਣਜੀਤ ਸਿੰਘ ਜੀਤੀ ਪੜਿਆਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾਂ ਮਹਿਲਾਵਾਂ ਨੂੰ ਰਾਜਨੀਤੀ ਵਿੱਚ ਯੋਗ ਹਿੱਸੇਦਾਰੀ ਦੇਣ ਦੀ ਹਮਾਇਤੀ ਰਹੀ ਹੈ, ਪਰ ਮੌਜੂਦਾ ਬਿਲ ਵਿੱਚ ਅਜਿਹੀਆਂ ਸ਼ਰਤਾਂ ਅਤੇ ਪ੍ਰਬੰਧ ਜੋੜੇ ਗਏ ਸਨ, ਜੋ ਦੇਸ਼ ਦੇ ਚੋਣ ਢਾਂਚੇ ਅਤੇ ਹਲਕਿਆਂ ਦੀ ਬਣਤਰ ਨੂੰ ਪ੍ਰਭਾਵਿਤ ਕਰ ਸਕਦੇ ਸਨ। ਉਨ੍ਹਾਂ ਕਿਹਾ ਕਿ ਇਸ ਬਿਲ ਦੇ ਨਾਲ ਹਲਕਾਬੰਦੀ (ਡਿਲਿਮੀਟੇਸ਼ਨ) ਅਤੇ ਹੋਰ ਤਕਨੀਕੀ ਮਾਮਲੇ ਜੋੜ ਕੇ ਕੇਂਦਰ ਸਰਕਾਰ ਵੱਲੋਂ ਦੇਸ਼ ਦੇ ਰਾਜਨੀਤਿਕ ਸੰਤੁਲਨ ਨੂੰ ਬਦਲਣ ਦੀ ਕੋਸ਼ਿਸ਼ ਕੀਤੀ ਜਾ ਰਹੀ ਸੀ। ਜੀਤੀ ਪੜਿਆਲਾ ਨੇ ਕਿਹਾ ਕਿ ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਮਹਿਲਾਵਾਂ ਲਈ ਇੱਕ ਸਾਫ਼ ਅਤੇ ਪਾਰਦਰਸ਼ੀ ਬਿਲ ਲਿਆਵੇ, ਜਿਸ ਵਿੱਚ ਕਿਸੇ ਵੀ ਤਰ੍ਹਾਂ ਦੀ ਰਾਜਨੀਤਿਕ ਚਾਲਾਕੀ ਨਾ ਹੋਵੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾਂ ਲੋਕਤੰਤਰ ਅਤੇ ਸੰਵਿਧਾਨ ਦੀ ਮਰਿਆਦਾ ਦੀ ਰੱਖਿਆ ਲਈ ਖੜੀ ਰਹੀ ਹੈ ਅਤੇ ਅੱਗੇ ਵੀ ਇਸੇ ਤਰ੍ਹਾਂ ਦੇਸ਼ ਦੇ ਹਿੱਤਾਂ ਦੀ ਰੱਖਿਆ ਕਰਦੀ ਰਹੇਗੀ। ਇਸ ਮੌਕੇ ਕੌਂਸਲਰ ਰਮਾਕਾਂਤ ਕਾਲੀਆਂ, ਸ਼ਹਿਰੀ ਕਾਂਗਰਸ ਦੇ ਪ੍ਰਧਾਨ ਦਿਨੇਸ਼ ਗੌਤਮ, ਆਸ਼ੀਸ਼ ਸ਼ਰਮਾ, ਬੱਬੂ ਕੌਸਲ, ਸਾਹਿਲ ਰਾਣਾ ਤੋਂ ਇਲਾਵਾ ਸ਼ਹਿਰ ਵਾਸੀ ਹਾਜ਼ਰ ਸਨ।

# ਪ੍ਰਸਿੱਧ ਲੇਖਕ ਡਾ. ਅਮਰ ਕੋਮਲ ਨੂੰ ਸ਼ਰਧਾਂਜਲੀਆਂ ਭੇਟ

## ਡਾ. ਅਮਰ ਕੋਮਲ ਦਾ ਮਾਤ—ਭਾਸ਼ਾ ਪ੍ਰਤੀ ਯੋਗਦਾਨ ਅਭੁੱਲ : ਡਾ. ਜਗਦੀਪ ਸਿੰਘ





ਪਟਿਆਲਾ, 19 ਅਪ੍ਰੈਲ (ਚ.ਨ.ਸ.) : ਅੱਜ ਪੰਜਾਬੀ ਦੇ ਪ੍ਰਸਿੱਧ ਵਿਦਵਾਨ ਅਤੇ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਡਾ. ਅਮਰ ਕੋਮਲ ਨੂੰ ਪਟਿਆਲਾ ਦੇ ਮਾਡਲ ਟਾਊਨ ਵਿਖੇ ਸ਼੍ਰੀ ਰਾਧਾ—ਕ੍ਰਿਸ਼ਨ ਮੰਦਰ ਦੇ ਸਾਹਮਣੇ ਕਮਿਊਨਟੀ ਸੈਂਟਰ ਵਿਖੇ ਸ਼ਰਧਾਂਜਲੀਆਂ ਅਰਪਿਤ ਕੀਤੀਆਂ ਗਈਆਂ। ਡਾ. ਕੋਮਲ ਨੂੰ ਸ਼ਰਧਾ ਦੇ ਫੁੱਲ ਅਰਪਿਤ ਕਰਦਿਆਂ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਉਪ—ਕੁਲਪਤੀ ਡਾ. ਜਗਦੀਪ ਸਿੰਘ ਨੇ ਕਿਹਾ ਕਿ ਨਿਸ਼ਕਾਮ ਸੇਵਕ ਡਾ. ਅਮਰ ਕੋਮਲ ਦਾ ਪੰਜਾਬੀ ਮਾਤ—ਭਾਸ਼ਾ ਪ੍ਰਤੀ ਯੋਗਦਾਨ ਅਭੁੱਲ ਹੈ। ਪੰਜਾਬੀ ਸਾਹਿਤ ਸਭਾ (ਰਜਿ.) ਪਟਿਆਲਾ ਦੇ ਪ੍ਰਧਾਨ ਅਤੇ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਡਾ. ਦਰਸ਼ਨ ਸਿੰਘ ਆਸ਼ਟ ਨੇ ਡਾ. ਕੋਮਲ ਦੀ ਸੁਨਹਿਰੀ ਯੁੱਗ ਨਾਲ ਤੁਲਨਾ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਲਿਖਿਆ ਗਿਆ ਸਾਹਿਤ ਬੱਚਿਆਂ ਵਿਚ ਨੈਤਿਕ ਕਦਰਾਂ ਦੇ ਪੈਦਾ ਕਰਨ ਲਈ ਹਮੇਸ਼ਾ ਪ੍ਰੇਰਨਾ ਦਿੰਦਾ ਰਹੇਗਾ। ਪੰਜਾਬੀ ਲੇਖਕ ਸਭਾ ਪੰਜਾਬ ਦੇ ਪ੍ਰਧਾਨ ਦਰਸ਼ਨ ਸਿੰਘ ਬੁੱਟਰ ਨੇ ਕਾਵਿਮਈ ਸ਼ਰਧਾਂਜਲੀ ਵਿਚ ਡਾ. ਕੋਮਲ ਨੂੰ ਵੱਡਾ ਲੇਖਕ ਆਖਿਆ ਜਦੋਂਕਿ ਡਾ. ਕੋਮਲ ਦੀ ਸਪੁੱਤਰੀ ਕਵਿਤਾ ਬਾਲੀ (ਕੈਨੇਡਾ) ਨੇ ਜਜ਼ਬਾਤੀ ਲਹਿਜ਼ੇ ਵਿਚ ਕਿਹਾ ਕਿ ਉਨ੍ਹਾਂ ਦੇ ਮਨ ਵਿਚ ਨਾਰੀ—ਸਤਿਕਾਰ ਦੀ ਡੂੰਘੀ ਭਾਵਨਾ ਸੀ, ਜਿਸ ਕਰਕੇ ਉਨ੍ਹਾਂ ਆਪਣੀਆਂ ਬੇਟੀਆਂ ਨੂੰ ਵੀ ਉਚ ਸਿੱਖਿਆ ਹਾਸਲ ਕਰਨ ਲਈ ਭਰਪੂਰ ਪ੍ਰੇਰਨਾ ਦਿੱਤੀ।ਤਰੁਣ ਦੇਵ ਸ਼ਰਮਾ ਨੇ ਕਿਹਾ ਕਿ ਉਸ ਦੇ ਨਾਨਾ ਜੀ ਦੇ ਰੂਪ ਵਿਚ ਡਾ. ਕੋਮਲ ਗਿਆਨ ਅਤੇ ਸਿੱਖਿਆ ਦਾ ਵਿਸ਼ਾਲ ਸਮੁੰਦਰ ਸਨ। ਇਸ ਸਮੇਂ ਜੀ.ਕੇ.ਬਾਲੀ, ਅਮੀਤਾ ਸ਼ਰਮਾ,ਸੁਮਨ ਸ਼ਰਮਾ,ਅਮੀਤਾ ਕਾਲੀਆ,ਡਾ. ਅੰਕਿਤ ਕਾਲੀਆ ਨੇ ਵੀ ਸ਼ੋਕ—ਭਾਵਨਾਵਾਂ ਵਿਅਕਤ ਕੀਤੀਆਂ। ਅੰਤ ਵਿਚ ਡਾ. ਅਮਰ ਕੋਮਲ ਦੇ ਸਪੁੱਤਰ ਡਾ. ਸੰਜੀਵ ਕਾਲੀਆ ਨੇ ਸਭਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਲਗਭਗ ਪੌਣੀ ਸਦੀ ਨਿਰੰਤਰ ਸਾਹਿਤ—ਲੇਖਣ ਕਰਨ ਵਾਲੇ ਡਾ. ਕੋਮਲ ਨੂੰ ਉਨ੍ਹਾਂ ਦੇ ਸਿਰੜ,ਅਨੁਸ਼ਾਸਨ,ਲਗਨ,ਪ੍ਰਤਿਬੱਧਤਾ ਅਤੇ ਸਾਧਨਾ ਲਈ ਹਮੇਸ਼ਾ ਯਾਦ ਰੱਖਿਆ ਜਾਵੇਗਾ। ਸ਼ਰਧਾਂਜਲੀ ਸਮਾਰੋਹ ਵਿਚ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਰਾਜਵੰਤ ਕੌਰ ਪੰਜਾਬੀ, ਡਾ. ਮਨੋਜ ਗੋਇਲ, ਭਾਸ਼ਾ ਵਿਭਾਗ ਪੰਜਾਬ ਦੇ ਸਾਬਕਾ ਡਾਇਰੈਕਟਰ ਡਾ. ਮਦਨ ਲਾਲ ਹਸੀਜਾ,ਬਲਵਿੰਦਰ ਸਿੰਘ ਸੰਧੂ, ਬਾਬੂ ਸਿੰਘ ਰੈਹਲ, ਦਵਿੰਦਰ ਪਟਿਆਲਵੀ, ਬਲਬੀਰ ਸਿੰਘ ਦਿਲਦਾਰ, ਨਵਦੀਪ ਸਿੰਘ ਮੁੰਡੀ, ਅਨਿਲ ਗਰਗ,ਅ ਸ਼ੋਕ ਦੀਕਸ਼ਿਤ,ਡਾ. ਸ਼ਰਵਨ ਮੈਨਨ, ਅਰੁਨ ਮਿੱਤਲ, ਰਵਿੰਦਰ ਸ਼ਰਮਾ, ਸਾਬਕਾ ਰਜਿਸਟਰਾਰ ਡਾ. ਦਵਿੰਦਰ ਸਿੰਘ, ਨਾਟਕਕਾਰ ਸਤਿੰਦਰ ਸਿੰਘ ਨੰਦਾ, ਤਰਲੋਕ ਸਿੰਘ ਢਿੱਲੋਂ ਅੰਮ੍ਰਿਤਪਾਲ ਸਿੰਘ ਸ਼ੈਦਾ,ਡਾ. ਜਗੀਰ ਸਿੰਘ ਢੇਸਾ, ਡਾ. ਕਮਲਜੀਤ ਕੌਰ ਬਾਂਗਾ, ਸਤਨਾਮ ਸਿੰਘ ਮੱਟੂ,ਅੰਗਰੇਜ਼ ਸਿੰਘ ਵਿਰਕ, ਗੁਰਚਰਨ ਸਿੰਘ ਪੱਬਾਰਾਲੀ, ਅਵਤਾਰਜੀਤ, ਕੁਲਵਿੰਦਰ ਕੁਮਾਰ ਬਹਾਦਰਗੜ੍ਹ, ਡਾ. ਅਮਰਜੀਤ ਕੌਂਕੇ, ਜੋਗਾ ਸਿੰਘ ਧਨੌਲਾ, ਡਾ. ਅਰਵਿੰਦਰ ਕੌਰ ਕਾਕੜਾ, ਡਾ. ਲੱਛਮੀ ਨਾਰਾਇਣ ਭੀਖੀ, ਡਾ. ਸੰਤੋਖ ਸਿੰਘ, ਡਾ. ਮਨਜਿੰਦਰ ਸਿੰਘ,ਭੋਲਾ ਸਿੰਘ ਸੰਘੇੜਾ, ਬਲਵਿੰਦਰ ਸਿੰਘ ਭੱਟੀ, ਰਵਿੰਦਰ ਰਵੀ ਮਹਿਲ ਕਲਾਂ, ਪ੍ਰਿੰ. ਰਾਕੇਸ਼ ਜਿੰਦਲ, ਡਾ. ਹਰਭਗਵਾਨ, ਕਿਰਨ ਸਿੰਗਲਾ, ਜੋਗਾ ਸਿੰਘ ਰੰਗਮੰਚ,ਗੁਰਮੇਲ ਸਿੰਘ ਸੰਧੂ, ਕੁਲਵਿੰਦਰ ਸਿੰਘ ਮਾਨੂੰਪੁਰੀ, ਸੁਖਵਿੰਦਰ ਸਿੰਘ ਫਰੌਰ ਆਦਿ ਰਿਸ਼ਤੇਦਾਰ,ਦੋਸਤ ਮਿੱਤਰ ਅਤੇ ਲੇਖਕ ਆਦਿ ਵੱਡੀ ਗਿਣਤੀ ਵਿਚ ਸ਼ਾਮਲ ਸਨ। ਸ਼ਰਧਾਂਜਲੀ ਸਮਾਰੋਹ ਦੌਰਾਨ ਤੇਜਾ ਸਿੰਘ ਤਿਲਕ, ਪਵਨ ਪਰਿੰਦਾ, ਭੁਪਿੰਦਰ ਸਿੰਘ ਬੇਦੀ, ਰਾਮ ਸਰੂਪ ਸ਼ਰਮਾ, ਕੰਵਰਜੀਤ ਭੱਠਲ, ਜਗਤਾਰ ਸਿੰਘ ਕੱਟੂ, ਮਹਿੰਦਰ ਸਿੰਘ ਅਤੇ ਸੁਸ਼ੀਲ ਦੁਸਾਂਝ ਆਦਿ ਨੇ ਵੀ ਆਪਣੀਆਂ ਸਭਾਵਾਂ ਰਾਹੀਂ ਸ਼ੋਕ ਸੰਦੇਸ਼ ਭੇਜ ਕੇ ਹਾਜ਼ਰੀ ਲਗਵਾਈ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਡਾ. ਦਰਸ਼ਨ ਸਿੰਘ ਆਸ਼ਟ ਨੇ ਨਿਭਾਈ।

GOVT. OF PUNJAB

ਸਮੈਮ ਸਕੀਮ ਤਹਿਤ ਖੇਤੀ ਮਸ਼ੀਨਾਂ 'ਤੇ ਸਬਸਿਡੀ ਲਈ ਬਿਨੈ ਪੱਤਰਾਂ ਦੀ ਮੰਗ

ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਖੇਤੀ ਮਸ਼ੀਨੀਕਰਨ ਨੂੰ ਉਤਸ਼ਾਹਿਤ ਕਰਨ ਲਈ ਸਮੈਮ ਸਕੀਮ ਤਹਿਤ ਮਸ਼ੀਨਾਂ 'ਤੇ ਸਬਸਿਡੀ ਲਈ ਆਨਲਾਈਨ ਪੋਰਟਲ agrimachinerypb.com ਰਾਹੀਂ ਅਰਜ਼ੀਆਂ ਦੀ ਮੰਗ ਕੀਤੀ ਜਾਂਦੀ ਹੈ

ਸਕੀਮ ਅਧੀਨ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਮੁੱਖ ਮਸ਼ੀਨਾਂ ਹੇਠ ਲਿਖੇ ਅਨੁਸਾਰ ਹਨ:-

- ਡੀ.ਐਸ.ਆਰ. ਡਰਿੱਲ
- ਪੈਡੀ ਟਰਾਂਸਪਲਾਂਟਰਜ਼
- ਪੀ.ਟੀ.ਓ. ਆਪਰੇਟਿਡ ਬੰਡ ਫੋਰਮਰ
- ਟਰੈਕਟਰ ਆਪਰੇਟਿਡ ਬੂਮ ਸਪਰੇਅਰ
- ਹਾਈ ਕਲੀਅਰੈਂਸ ਬੂਮ ਸਪਰੇਅਰ
- ਨਰਸਰੀ ਸੀਡਰ
- ਪੀ.ਟੀ.ਓ. ਆਪਰੇਟਿਡ ਫ਼ਰਟੀਲਾਈਜ਼ਰ ਸਪਰੈਡਰ
- ਟਰੈਕਟਰ ਆਪਰੇਟਿਡ ਇਲੈਕਟ੍ਰੋਸਟੈਟਿਕ ਸਪਰੇਅਰ

ਸਬਸਿਡੀ 'ਤੇ ਮੁਹੱਈਆ ਕਰਵਾਈਆਂ ਜਾ ਰਹੀਆਂ ਸਮੂਹ ਮਸ਼ੀਨਾਂ ਦੀ ਸੂਚੀ ਪੋਰਟਲ 'ਤੇ ਉਪਲਬਧ ਹੈ।

ਕਸਟਮ ਹਾਈਰਿੰਗ ਸੈਂਟਰ ਸਥਾਪਿਤ ਕਰਨ ਲਈ ਵੀ ਪ੍ਰਤੀਬੇਨਤੀਆਂ ਪੋਰਟਲ ਰਾਹੀਂ ਦਿੱਤੀਆਂ ਜਾ ਸਕਦੀਆਂ ਹਨ।

ਸਬਸਿਡੀ ਦੀ ਦਰ ਸਮੈਮ ਸਕੀਮ ਦੀਆਂ ਗਾਈਡਲਾਈਨਜ਼ ਅਨੁਸਾਰ ਹੋਵੇਗੀ

ਭਾਰਤ ਸਰਕਾਰ ਵੱਲੋਂ ਸਾਲ 2026-27 ਦੌਰਾਨ SMAM- NMAM ਸਕੀਮ ਦੀਆਂ ਨਵੀਆਂ ਹਦਾਇਤਾਂ ਪ੍ਰਾਪਤ ਹੋਣ ਤੇ ਸਬਸਿਡੀ ਤੇ ਮੁਹੱਈਆ ਕਰਵਾਈ ਜਾਣ ਵਾਲੀਆਂ ਮਸ਼ੀਨਾਂ ਦੀ ਸੂਚੀ ਵਿੱਚ ਬਦਲਾਅ ਕੀਤਾ ਜਾ ਸਕਦਾ ਹੈ।

ਸਬਸਿਡੀ ਲੈਣ ਦੇ ਚਾਹਵਾਨ ਮਿਤੀ **20.04.2026 ਤੋਂ 12.05.2026 ਸ਼ਾਮ 5 ਵਜੇ ਤੱਕ** ਆਪਣੀਆਂ ਅਰਜੀਆਂ ਆਨਲਾਈਨ agrimachinerypb.com ਪੋਰਟਲ ਰਾਹੀਂ ਦੇ ਸਕਦੇ ਹਨ।

ਵਧੇਰੇ ਜਾਣਕਾਰੀ ਲਈ ਵਿਭਾਗ ਦੀ ਵੈਬਸਾਈਟ ਜਾਂ ਆਪਣੇ ਜਿਲ੍ਹੇ ਦੇ ਮੁੱਖ ਖੇਤੀਬਾੜੀ ਅਧਿਕਾਰੀ ਨਾਲ ਸੰਪਰਕ ਕਰੋ ਜੀ।



ਉੱਨਤ ਮਸ਼ੀਨਾਂ ਅਪਣਾਓ, ਖੇਤੀ ਖਰਚੇ ਘਟਾਓ

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ

ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ